Vigilance Bureau Punjab

# Vigilance nabs ASI for taking bribe Rs.12,000

Chandigarh, April 14 : Punjab Vigilance Bureau on Thursday nabbed ASI Ram Parkash, posted at police station Aur, SBS Nagar district red handed accepting bribe of Rs 12,000.

Disclosing this here an official spokesperson of the Vigilance Bureau Punjab said accused reader was arrested on the complaint of Shamsher Singh of village Pandrawal, SBS Nagar district. The complainant has approached the VB and alleged that the above mentioned accused ASI was demanding bribe of Rs. 13,000 to help him in a police complaint case.

After verifying his information, a vigilance team laid a trap and the accused ASI was arrested on the spot while taking bribe of Rs. 12,000 from the complainant in the presence of two official witnesses.

The spokesperson informed that in this regard a case under prevention of corruption act has been registered against him at VB police station, Jalandhar and further investigation is under progress.

--------

ਵਿਜੀਲੈਂਸ ਬਿਓਰੋ ਪੰਜਾਬ

# ਵਿਜੀਲੈਂਸ ਨੇ 12,000 ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ. ਰੰਗੇ ਹੱਥੀਂ ਦਬੋਚਿਆ

ਚੰਡੀਗੜ੍ਹ, 14 ਅਪ੍ਰੈਲ :

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਔੜ ਜਿਲਾ ਐਸ.ਬੀ.ਐਸ ਨਗਰ ਵਿਖੇ ਤਾਇਨਾਤ ਏ.ਐਸ.ਆਈ. ਰਾਮ ਪ੍ਰਕਾਸ਼ ਨੂੰ 12,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ. ਨੂੰ ਸ਼ਿਕਾਇਤਕਰਤਾ ਸ਼ਮਸ਼ੇਰ ਸਿੰਘ ਵਾਸੀ ਪੰਦਰਾਵਲ, ਜਿਲਾ ਐਸ.ਬੀ.ਐਸ ਨਗਰ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਥਾਣੇ ਵਿੱਚ ਦਰਜ ਇਕ ਪੁਲਿਸ ਸ਼ਿਕਾਇਤ ਵਿਚ ਉਸ ਦੀ ਮੱਦਦ ਕਰਨ ਬਦਲੇ ਉਕਤ ਏ.ਐਸ.ਆਈ. ਵਲੋਂ 13,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਗਈ ਹੈ ਪਰ ਉਹ 12,000 ਰੁਪਏ ਲੈਣ ਲਈ ਰਾਜੀ ਹੋ ਗਿਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 12,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-------